**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-6 ਸ਼ਾਖਾ)** **(Through Website)**

ਸੇਵਾ ਵਿਖੇ,

1. ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਪੰਜਾਬ।
3. ਸਮੂਹ ਪ੍ਰਿੰਸੀਪਲ/ਸਕੂਲ ਮੁੱਖੀ, ਪੰਜਾਬ।

ਮੀਮੋ ਨੰ : 110/SSE/mis/2017 9666
ਮਿਤੀ, ਚੰਡੀਗੜ੍ਹ : 09-09-2017

**ਵਿਸ਼ਾ:- ਸਿੱਖਿਆ ਵਿਭਾਗ ਵਿੱਚ ਸਿੱਧੀ ਭਰਤੀ ਰਾਹੀਂ ਨਿਯੁਕਤ ਕੀਤੇ ਗਏ ਦਰਜਾ 4 ਕਰਮਚਾਰੀਆਂ ਨੂੰ ਪਰਖ ਕਾਲ ਸਮੇਂ ਦੌਰਾਨ ਤਨਖਾਹ ਦੇਣ ਸਬੰਧੀ (ਸਪਸ਼ਟੀਕਰਨ)।**

ਪੰਜਾਬ ਸਰਕਾਰ ਵਿੱਤ ਵਿਭਾਗ ਵੱਲੋਂ ਜਾਰੀ ਪੱਤਰ ਨੰ: 7/204/2012-4ਐਫ.ਪੀ.1/1049 ਮਿਤੀ 21-12-2015 ਰਾਹੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਜਿਨਾਂ ਕੈਟਾਗਿਰੀ ਵਿੱਚ ਸਰਕਾਰੀ ਕਰਮਚਾਰੀ/ਅਧਿਕਾਰੀਆਂ ਦੀ ਤਨਖਾਹ ਉਹਨਾਂ ਦੇ ਪਰਖ ਕਾਲ ਸਮੇਂ ਦੌਰਾਨ ਡੀ.ਸੀ/ਲੇਬਰ ਰੇਟਾਂ ਤੋਂ ਘੱਟ ਬਣਦੀ ਹੈ ਨੂੰ ਪਰਖ ਕਾਲ ਸਮੇਂ ਡੀ.ਸੀ./ਲੇਬਰ ਰੇਟਾਂ ਦੇ ਬਰਾਬਰ ਤਨਖਾਹ ਦਿੱਤੀ ਜਾਵੇ। ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਨਵੇਂ ਭਰਤੀ ਕੀਤੇ ਗਏ ਦਰਜਾ 4 ਕਰਮਚਾਰੀਆਂ ਨੂੰ 4900/- ਰੁਪਏ ਤਨਖਾਹ ਦਿੱਤੀ ਜਾ ਰਹੀ ਹੈ ਜੋ ਡੀ.ਸੀ/ਲੇਬਰ ਰੇਟਾਂ ਤੋਂ ਘੱਟ ਹੈ। ਇਸ ਲਈ ਹਦਾਇਤ ਕੀਤੀ ਜਾਂਦੀ ਹੈ ਕਿ ਨਵੇਂ ਭਰਤੀ ਕੀਤੇ ਗਏ ਦਰਜਾ 4 ਕਰਮਚਾਰੀਆਂ ਨੂੰ ਉਹਨਾਂ ਦੇ ਪਰਖ ਕਾਲ ਸਮੇਂ ਦੌਰਾਨ ਵਿੱਤ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਡੀ.ਸੀ./ਲੇਬਰ ਰੇਟਾਂ ਦੇ ਬਰਾਬਰ ਤਨਖਾਹ ਦਿੱਤੀ ਜਾਵੇ।

ਇਹਨਾਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

**ਸੱਕਤਰ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ**

ਪਿੱਠ ਅੰਕਣ ਨੰ. ਉਹੀ ਮਿਤੀ:-09-09-2017

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਮੋਹਾਲੀ, ਪੰਜਾਬ।
2. ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.), ਮੋਹਾਲੀ, ਪੰਜਾਬ।
3. ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.), ਮੋਹਾਲੀ, ਪੰਜਾਬ।
4. ਡਾਇਰੈਕਟਰ,ਐਸ.ਸੀ.ਈ.ਆਰ.ਟੀ., ਮੋਹਾਲੀ, ਪੰਜਾਬ।

**ਸੱਕਤਰ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ**